## ਆਰੀਆਭੱਟਾ ਕਾਲਜ ਦੇ ਬੀ.ਐੱਸ. ਸੀ ਐਗਰੀਕਲਚਰ ਦੇ ਵਿਦਿਆਰਥੀਆਂ ਨੇ ਪੀ. ਏ. ਯੂ. ਦਾ ਕਿਸਾਨ ਮੇਲਾ ਦੇਖਿਆ

ਆਰੀਆਭੱਟ ਕਾਲਜ ਦੇ ਬੀ.ਐੱਸ. ਸੀ. ਐਗਰੀਕਲਚਰ ਵਿਭਾਗ ਦੇ ਵਿਦਿਆਰਥੀਆਂ ਨੇ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਲੁਧਿਆਣਾ ਵਿਖੇ ਲੱਗੇ ਕਿਸਾਨ ਮੇਲੇ ਵਿੱਚ ਸ਼ਿਰਕਤ ਕੀਤੀ। ਇਸ ਕਿਸਾਨ ਮੇਲਾ ਦਾ ਮੁਖ ਉਦੇਸ਼ ਕਿਸਾਨਾਂ ਅਤੇ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਬਾਰੇ ਜਾਣਕਾਰੀ ਦੇਣਾ ਹੈ। ਇੱਥੇ ਵਿਦਿਆਰਥੀਆਂ ਨੂੰ ਖੇਤੀਬਾੜੀ ਕਰਨ ਦੀਆਂ ਨਵੀਆਂ ਤਕਨੀਕਾਂ ਅਤੇ ਉਪਕਰਨਾਂ ਜਿਵੇਂ ਕਿ ਟਰੈਕਟਰ, ਕਟਾਈ ਕਰਨ ਵਾਲੀਆਂ ਮਸ਼ੀਨਾਂ ਅਤੇ ਬੀਜਣ ਵਾਲੀਆਂ ਮਸ਼ੀਨਾਂ ਦੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਫਲਾਂ,ਫੁੱਲਾਂ ਅਤੇ ਸਬਜੀਆਂ ਦੀਆ ਵੱਖ- ਵੱਖ ਕਿਸਮਾਂ ਦੇਖੀਆਂ ਅਤੇ ਜਾਣਕਾਰੀ ਪ੍ਰਾਪਤ ਕੀਤੀ। ਵਿਦਿਆਰਥੀਆ ਨੇ ਕੁਦਰਤੀ ਢੰਗ ਨਾਲ ਤਿਆਰ ਹੋਣ ਵਾਲੀ ਜੈਵਿਕ ਖਾਦ ਅਤੇ ਇਸਦੇ ਨਾਲ ਰਸਾਇਣਿਕ ਖਾਦਾਂ ਦੀ ਜਾਣਕਾਰੀ ਪ੍ਰਾਪਤ ਕੀਤੀ। ਇੱਥੇ ਅਲੱਗ ਅਲੱਗ ਕਿਸਮਾਂ ਦੇ ਪਸ਼ੂਆਂ ਦੀ ਪ੍ਰਦਰਸ਼ਨੀ ਵੀ ਲੱਗੀ ਹੋਈ ਸੀ ਜਿਸ ਵਿੱਚ ਪਸ਼ੂਆਂ ਨਾਲ ਸੰਬੰਧਿਤ ਜਾਣਕਾਰੀ ਦਿੱਤੀ ਗਈ। ਇਸ ਮੇਲੇ ਦੌਰਾਨ ਵਿਦਿਆਰਥੀਆਂ ਦੁਆਰਾ ਕਿਸਾਨਾਂ ਨਾਲ ਮੁਲਾਕਾਤ ਕੀਤੀ ਗਈ ਅਤੇ ਉਹਨਾਂ ਤੋਂ ਖੇਤੀਬਾੜੀ ਸੰਬੰਧੀ ਜਾਣਕਾਰੀ ਹਾਸਿਲ ਕੀਤੀ। ਵਿਦਿਆਰਥੀਆਂ ਨੇ ਇਸ ਮੇਲਾ ਦਾ ਖੂਬ ਆਨੰਦ ਮਾਨਿਆ ਅਤੇ ਖੁਸ਼ੀ ਜਾਹਿਰ ਕਰਦੇ ਹੋਏ ਕਿਹਾ ਕਿ ਇਸ ਨਾਲ ਉਹਨਾਂ ਦੀ ਵੱਖ-ਵੱਖ ਖੇਤਰਾਂ ਦੀ ਜਾਣਕਾਰੀ ਵਿੱਚ ਬਹੁਤ ਵਾਧਾ ਹੋਇਆ ਹੈ।

ਇਸ ਤੋਂ ਬਾਅਦ ਵਿਦਿਆਰਥੀਆਂ ਦੁਆਰਾ ਅਜਾਇਬਘਰ ਦੇਖਿਆ ਗਿਆ ਜਿਸ ਵਿੱਚ ਉਹਨਾਂ ਨੇ ਪੁਰਾਣੇ ਪੰਜਾਬੀ ਸੱਭਿਆਚਾਰ ਨਾਲ ਜੁੜੀਆ ਵਸਤੂਆਂ ਦੇਖੀਆ। ਵਿਦਿਆਰਥੀਆਂ ਨੇ ਅਜੀਤ ਚੈਨਲ ਦੇ ਪੱਤਰਕਾਰਾਂ ਨਾਲ ਮੁਲਾਕਾਤ ਕੀਤੀ ਅਤੇ ਇਸ ਮੇਲੇ ਦੇ ਸੰਬੰਧੀ ਵਿਚਾਰ ਪੇਸ਼ ਕੀਤੇ। ਇਸ ਦੀ ਅਗਵਾਈ ਕਾਲਜ ਦੇ ਐਗਰੀਕਲਚਰ ਦੇ ਪ੍ਰੋ. ਕੁਲਦੀਪ ਸਿੰਘ, ਪ੍ਰੋ. ਘਗਨ ਸੂਦ ਅਤੇ ਪ੍ਰੋ. ਹਰਪ੍ਰੀਤ ਕੌਰ ਨੇ ਕੀਤੀ।

ਕਾਲਜ ਦੇ ਡਾਇਰੈਕਟਰ ਡਾ. ਅਜੈ ਕੁਮਾਰ ਮਿੱਤਲ ਨੇ ਅਧਿਆਪਕਾਂ ਅਤੇ ਵਿਦਿਆਰਥੀ ਨੂੰ ਇਸ ਵਿੱਦਿਅਕ ਟੂਰ ਦੀ ਵਧਾਈ ਦਿੱਤੀ ਅਤੇ ਉਹਨਾਂ ਨੂੰ ਵਿਸ਼ਵਾਸ ਦਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਇਸ ਤਰ੍ਹਾਂ ਦੇ ਹੋਰ ਵਿਦਿੱਅਕ ਟੂਰ ਲਗਵਾਏ ਜਾਣਗੇ।

Director
Aryabhatta College
Vill. Cheema-Jodhpur
Bazakhana Road,Barnala